Vigilance Bureau, Punjab

**Vigilance Bureau nabs ASI for taking bribe Rs.5,000**

Chandigarh, August 6: State Vigilance Bureau, today nabbed an ASI Amir Singh posted at City Police Station Nakodar, Jalandhar red handed while accepting bribe of Rs 5,000.

Disclosing this here an official spokesperson of the Vigilance Bureau Punjab said accused Assistant Sub-Inspector was nabbed red handed on the complaint of Sandeep Kumar of Nakodar, Jalandhar district. The complainant has approached the VB and alleged that the accused police official was demanding bribe Rs. 5,000 to help him in a police case.

After verifying his information, the vigilance team from VB unit Jalandhar laid a trap and the accused ASI was arrested on the spot while taking bribe of Rs. 5,000 from the complainant in the presence of two official witnesses.

He informed that a case under section of prevention of corruption act has been registered against him at VB police station, Jalandhar and further investigation is under progress.

---------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਬਿਓਰੋ ਨੇ 5,000 ਰੁਪਏ ਦੀ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 6 ਅਗਸਤ: ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਨਕੋਦਰ ਸਹਿਰੀ, ਜਿਲਾ ਜਲੰਧਰ ਵਿਖੇ ਤਾਇਨਾਤ ਏ.ਐਸ.ਆਈ. ਅਮੀਰ ਸਿੰਘ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ. ਨੂੰ ਸ਼ਿਕਾਇਤਕਰਤਾ ਸੰਦੀਪ ਕੁਮਾਰ ਵਾਸੀ ਨਕੋਦਰ, ਜਿਲਾ ਜਲੰਧਰ ਦੀ ਸ਼ਿਕਾਇਤ 'ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਇਕ ਪੁਲਿਸ ਕੇਸ ਵਿਚ ਉਸ ਦੀ ਮਦਦ ਕਰਨ ਬਦਲੇ ਉਕਤ ਏ.ਐਸ.ਆਈ ਵਲੋ 5,000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਦਬੋਚ ਲਿਆ।

ਬੁਲਾਰੇ ਨੇ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਜਲੰਧਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

--------